# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

ਜ਼ਿਲ੍ਹਾ ਲੁਧਿਆਣਾ ਇਕਾਈ, ਲੁਧਿਆਣਾ

ਮਹਿੰਦਰ ਸਿੰਘ ਸੇਖੋਂ 85287 58228

ਹਰਬਖਸ਼ ਸਿੰਘ ਗਰੇਵਾਲ 98765 18150

ਹਵਾਲਾ ਨੰ:........................

ਮਿਤੀ : 28-01-2020

ਸੇਵਾ ਵਿਖੇ

ਮੁੱਖ ਮੰਤਰੀ,
ਪੰਜਾਬ, ਚੰਡੀਗੜ੍ਹ।

ਵਿਸ਼ਾ: ਪੰਜਾਬ ਦੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਬਣਾਏ 'ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਜਾਰੀ ਕੀਤੇ ਗਏ ਹੁਕਮਾਂ ਨੂੰ ਸਮੇਂ ਸਿਰ ਸਬੰਧਤ ਪ੍ਰਾਈਵੇਟ ਸਕੂਲਾਂ ਨੂੰ ਨਾ ਭੇਜ ਕੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਸਬੰਧਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵਿਰੁੱਧ ਬਣਦੀ ਵਿਭਾਗੀ ਕਾਰਵਾਈ ਕਰਨ ਦੀ ਬੇਨਤੀ।

ਸ੍ਰੀ ਮਾਨ ਜੀ,

ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਜੋ ਕਿ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਵਿਕਾਸ ਲਈ ਯਤਨਸ਼ੀਲ ਹੈ, ਦੀ ਲੁਧਿਆਣਾ ਇਕਾਈ ਵੱਲੋਂ ਪਹਿਲਾਂ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਹੇਠ ਲਿਖੀਆਂ ਕੁਝ ਕਾਨੂੰਨੀ ਵਿਵਸਥਾਵਾਂ, ਇਨ੍ਹਾਂ ਵਿਵਸਥਾਵਾਂ ਨੂੰ ਲਾਗੂ ਕਰਨ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਹੁਕਮ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਕਾਨੂੰਨੀ ਵਿਵਸਥਾਵਾਂ ਅਤੇ ਨਵੇਂ ਹੁਕਮ**

1. ਪੰਜਾਬ ਸਰਕਾਰ ਵੱਲੋਂ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਬਣਾਏ 'ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਕਾਨੂੰਨ ਦੀਆਂ ਵਿਵਸਥਾਵਾਂ ਅਨੁਸਾਰ ਪੰਜਾਬ ਵਿਚ ਸਥਿਤ ਸਾਰੇ ਪ੍ਰਾਈਵੇਟ ਸਕੂਲਾਂ ਵਿਚ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਲਾਜ਼ਮੀ ਵਿਸ਼ੇ ਦੇ ਤੌਰ ਤੇ ਪੜ੍ਹਾਈ ਜਾਣੀ ਜ਼ਰੂਰੀ ਹੈ। ਇਹ ਕਾਨੂੰਨ ਇਹ ਵੀ ਵਿਵਸਥਾ ਕਰਦਾ ਹੈ ਕਿ ਜੇ ਕੋਈ ਸਕੂਲ ਇਸ ਵਿਵਸਥਾ ਦੀ ਪਾਲਣਾ ਨਹੀਂ ਕਰਦਾ ਤਾਂ ਉਸ ਸਕੂਲ ਦੇ ਵਿਦਿਆਰਥੀ ਨੂੰ ਕੋਈ ਸੰਸਥਾ ਦਸਵੀਂ ਪਾਸ ਕਰਨ ਦਾ ਸਰਟੀਫਿਕੇਟ ਜਾਰੀ ਨਹੀਂ ਕਰ ਸਕਦੀ।
2. ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਸਮੇਂ ਤੇ ਹੁਕਮ ਜਾਰੀ ਕਰਕੇ, ਪੰਜਾਬ ਦੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਨੂੰ ਸਖ਼ਤੀ ਨਾਲ ਲਾਗੂ ਕਰਾਉਣ। ਇੰਨਾ ਹੀ ਨਹੀਂ ਪੰਜਾਬ ਸਰਕਾਰ ਵੱਲੋਂ ਸੀ.ਬੀ.ਐਸ.ਈ. ਦੇ ਚੇਅਰਮੈਨ ਅਤੇ ਸੀ.ਐਸ.ਆਈ.ਈ. ਦੇ ਚੇਅਰਮੈਨ ਨੂੰ ਵੀ ਮਿਤੀ 21.01.2019 ਨੂੰ ਪੱਤਰ ਲਿਖ ਕੇ ਇਸ ਕਾਨੂੰਨ ਦੀਆਂ ਵਿਵਸਥਾਵਾਂ ਨੂੰ ਲਾਗੂ ਕਰਨ ਦੀ ਹਦਾਇਤ ਕੀਤੀ ਗਈ। ਨਾਲ ਹੀ ਇਸ ਪੱਤਰ ਦੇ ਪਿੱਠਅੰਕਣ ਨੰ:201925323-326 ਮਿਤੀ 21.01.2019 ਰਾਹੀਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਇਸ ਹੁਕਮ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ ਸੀ।

ਭਾਗ ਅ- ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਅਤੇ ਸਰਕਾਰ ਦੇ ਇਸ ਹੁਕਮ ਦੀ ਉਲੰਘਣਾ ਦੀਆਂ ਉਦਾਹਰਣਾਂ

1. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੀਆਂ ਜ਼ਿਲ੍ਹਾ ਇਕਾਈਆਂ ਵੱਲੋਂ, ਜ਼ਿਲ੍ਹਿਆਂ ਵਿਚ ਸਥਿਤ ਪ੍ਰਾਈਵੇਟ ਸਕੂਲਾਂ ਨਾਲ ਸੰਪਰਕ ਸਥਾਪਤ ਕਰਕੇ ਇਹ ਜਾਣਿਆ ਗਿਆ ਕਿ ਕੀ ਇਨ੍ਹਾਂ ਸਕੂਲਾਂ ਵਿਚ ਪੰਜਾਬੀ ਦੀ ਪਹਿਲੀ ਤੋਂ ਦਸਵੀਂ ਜਮਾਤ ਤੱਕ ਦੀ ਪੜ੍ਹਾਈ ਯਕੀਨੀ ਹੋ ਗਈ ਹੈ ਜਾਂ ਨਹੀਂ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਦੇ ਲਗਭਗ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ, ਪੰਜਾਬ ਸਰਕਾਰ ਦੇ ਇਨ੍ਹਾਂ ਹੁਕਮਾਂ ਦੀ ਜਾਣਕਾਰੀ ਪ੍ਰਾਈਵੇਟ ਸਕੂਲਾਂ ਨੂੰ ਨਹੀਂ ਦਿੱਤੀ ਗਈ। ਸਕੂਲਾਂ ਵੱਲੋਂ ਦੱਸਿਆ ਗਿਆ ਕਿ ਕਾਨੂੰਨ ਦੀਆਂ ਇਨ੍ਹਾਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਨਵੇਂ ਹੁਕਮਾਂ ਦੀ ਜਾਣਕਾਰੀ ਨਾ ਹੋਣ ਕਾਰਨ ਉਹ ਆਪਣੇ ਸਕੂਲਾਂ ਵਿਚ ਪੰਜਾਬੀ ਦੀ ਪੜ੍ਹਾਈ ਨੂੰ ਯਕੀਨੀ ਨਹੀਂ ਬਣਾ ਸਕੇ।

2. ਪ੍ਰਾਈਵੇਟ ਸਕੂਲਾਂ ਦੇ ਇਨ੍ਹਾਂ ਦਾਅਵਿਆਂ ਦੀ ਪੁਸ਼ਟੀ ਲਈ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੀ ਲੁਧਿਆਣਾ ਇਕਾਈ ਵੱਲੋਂ ਪੰਜਾਬ ਦੇ 15 ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਫ਼ਿਰੋਜ਼ਪੁਰ, ਜਲੰਧਰ, ਸੰਗਰੂਰ, ਰੋਪੜ, ਸ਼ਹੀਦ ਭਗਤ ਸਿੰਘ ਨਗਰ, ਫ਼ਰੀਦਕੋਟ, ਮੋਗਾ, ਮਾਨਸਾ, ਪਟਿਆਲਾ, ਮੋਹਾਲੀ, ਹੁਸ਼ਿਆਰਪੁਰ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ ਅਤੇ ਫ਼ਤਿਹਗੜ੍ਹ ਸਾਹਿਬ) ਕੋਲੋਂ ਸੂਚਨਾ ਮੰਗੀ ਗਈ ਕਿ ਉਨ੍ਹਾਂ ਵੱਲੋਂ ਪੰਜਾਬ ਸਰਕਾਰ ਦੇ ਇਨ੍ਹਾਂ ਹੁਕਮਾਂ ਨੂੰ ਸਬੰਧਤ ਸਕੂਲਾਂ ਨੂੰ ਕਿਸ ਸਾਧਨ ਰਾਹੀਂ ਭੇਜਿਆ ਗਿਆ, ਬਾਰੇ ਸੂਚਿਤ ਕਰਨ।

3. 9 ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੇ ਤਾਂ ਆਰ.ਟੀ.ਆਈ. ਕਾਨੂੰਨ ਦੀਆਂ ਵਿਵਸਥਾਵਾਂ ਦੀ ਉਲੰਘਣਾ ਕਰਕੇ ਇਹ ਸੂਚਨਾ ਉਪਲਬਧ ਹੀ ਨਹੀਂ ਕਰਵਾਈ। ਸੂਚਨਾ ਉਪਲਬਧ ਨਾ ਕਰਾਉਣ ਤੋਂ ਹੀ ਸਪੱਸ਼ਟ ਹੈ ਕਿ ਇਨ੍ਹਾਂ ਸਿੱਖਿਆ ਅਫ਼ਸਰਾਂ ਵੱਲੋਂ ਨੇ ਪੰਜਾਬ ਸਰਕਾਰ ਦੇ ਹੁਕਮ ਦੀ ਪਾਲਣਾ ਨਹੀਂ ਕੀਤੀ।

4. ਜਿਨ੍ਹਾਂ 6 ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਫ਼ਰੀਦਕੋਟ, ਜਲੰਧਰ, ਰੂਪਨਗਰ, ਪਟਿਆਲਾ, ਮੋਹਾਲੀ, ਮਾਨਸਾ) ਵੱਲੋਂ ਸੂਚਨਾ ਉਪਲਬਧ ਕਰਾਈ ਗਈ ਹੈ ਉਸ ਤੋਂ ਵੀ ਸਪੱਸ਼ਟ ਹੁੰਦਾ ਹੈ ਕਿ ਉਨ੍ਹਾਂ ਅਫ਼ਸਰਾਂ ਵੱਲੋਂ ਇਸ ਕਾਨੂੰਨ ਦੀ ਸਬੰਧਤ ਸਕੂਲਾਂ ਨੂੰ ਜਾਣਕਾਰੀ ਨਹੀਂ ਦਿੱਤੀ ਗਈ। ਪਟਿਆਲਾ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਵੱਲੋਂ ਇੱਥੋਂ ਤੱਕ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਦੇ ਦਫ਼ਤਰ ਵਿਚ ਪੰਜਾਬ ਸਰਕਾਰ ਦੇ ਮਿਤੀ 21.01.2019 ਦੇ ਹੁਕਮ ਪ੍ਰਾਪਤ ਹੀ ਨਹੀਂ ਹੋਏ।

5. ਜਿਵੇਂ ਕਿ ਉੱਪਰ ਜ਼ਿਕਰ ਕੀਤਾ ਜਾ ਚੁੱਕਾ ਹੈ ਕਿ ਜੇ ਕਿਸੇ ਪ੍ਰਾਈਵੇਟ ਸਕੂਲ ਵੱਲੋਂ ਆਪਣੇ ਵਿਦਿਆਰਥੀਆਂ ਨੂੰ ਪਹਿਲੀ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਲਾਜ਼ਮੀ ਵਿਸ਼ੇ ਵਜੋਂ ਨਾ ਪੜ੍ਹਾਈ ਗਈ ਅਤੇ ਵਿਦਿਆਰਥੀਆਂ ਨੂੰ ਦਸਵੀਂ ਜਮਾਤ ਦੇ ਇਮਤਿਹਾਨ ਵਿਚ ਪੰਜਾਬੀ ਵਿਸ਼ੇ ਦੀ ਪ੍ਰੀਖਿਆ ਪਾਸ ਨਾ ਕਰਵਾਈ ਗਈ ਤਾਂ ਅਜਿਹੇ ਵਿਦਿਆਰਥੀਆਂ ਨੂੰ ਸੀ.ਬੀ.ਐਸ.ਈ., ਆਈ.ਸੀ.ਐਸ.ਈ. ਜਾਂ ਕੋਈ ਹੋਰ ਅਦਾਰਾ ਦਸਵੀਂ ਪਾਸ ਕਰਨ ਦਾ ਸਰਟੀਫ਼ਿਕੇਟ ਜਾਰੀ ਨਹੀਂ ਕਰ ਸਕੇਗਾ। ਦਸਵੀਂ ਪਾਸ ਦਾ ਸਰਟੀਫ਼ਿਕੇਟ ਨਾ ਮਿਲਣ ਕਾਰਨ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਨੁਕਸਾਨ ਪੁੱਜ ਸਕਦਾ ਹੈ। ਜੇ ਇੰਝ ਹੁੰਦਾ ਹੈ ਤਾਂ ਸਪੱਸ਼ਟ ਤੌਰ ਤੇ ਇਸ ਦੀ ਜ਼ਿੰਮੇਵਾਰੀ ਸਬੰਧਤ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੀ ਹੋਵੇਗੀ।

6. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੀ ਇਸ ਅਣਗਹਿਲੀ ਬਾਰੇ ਇੱਕ ਪੱਤਰ ਮਿਤੀ 06.12.2019 ਨੂੰ ਸਕੱਤਰ, ਸਕੂਲ ਸਿੱਖਿਆ ਨੂੰ ਨਿੱਜੀ ਰੂਪ ਵਿਚ ਮਿਲ ਕੇ ਜਾਣਕਾਰੀ ਉਨ੍ਹਾਂ ਦੇ ਧਿਆਨ ਵਿਚ ਲਿਆਂਦੀ ਗਈ।

ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਦੀ ਲੁਧਿਆਣਾ ਇਕਾਈ ਆਪ ਜੀ ਨੂੰ ਬੇਨਤੀ ਕਰਦੀ ਹੈ ਕਿ ਆਪ ਖ਼ੁਦ ਪੰਜਾਬੀ ਭਾਸ਼ਾ ਨਾਲ ਹੋ ਰਹੀ ਇਸ ਬੇਇਨਸਾਫ਼ੀ ਵੱਲ ਧਿਆਨ ਦੇਵੋ, ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਦੀ ਸ਼ਨਾਖ਼ਤ ਕਰ ਕੇ ਉਨ੍ਹਾਂ ਨੂੰ ਬਣਦੀ ਸਜ਼ਾ ਦੇਵੋ। ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿਚ ਰੱਖਦੇ ਹੋਏ ਪ੍ਰਾਈਵੇਟ ਸਕੂਲਾਂ ਦੇ ਪ੍ਰਬੰਧਕਾਂ ਨੂੰ ਹਦਾਇਤ ਦੇਵੋ ਕਿ ਉਹ ਆਪਣੇ ਵਿਦਿਆਰਥੀਆਂ ਨੂੰ ਪੰਜਾਬੀ ਵਿਸ਼ੇ ਦੀ ਦਸਵੀਂ ਜਮਾਤ ਦੀ ਪ੍ਰੀਖਿਆ ਵਿਚ ਬਿਠਾਉਣ ਅਤੇ ਇਸ ਪ੍ਰੀਖਿਆ ਨੂੰ ਪਾਸ ਕਰਾਉਣ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪ੍ਰਾਰਥੀ

ਮਹਿੰਦਰ ਸਿੰਘ ਸੇਖੋਂ (ਸੰਚਾਲਕ)

ਹਰਬਖ਼ਸ਼ ਸਿੰਘ ਗਰੇਵਾਲ (ਕੋ-ਸੰਚਾਲਕ)

**ਉਤਾਰਾ:**

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਸਿੱਖਿਆ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਡਾਇਰੈਕਟਰ, ਸਿੱਖਿਆ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ।
4. ਜ਼ਿਲ੍ਹਾ ਸਿੱਖਿਆ ਅਫ਼ਸਰ, ਪਟਿਆਲਾ ਅਤੇ ਲੁਧਿਆਣਾ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ।